ਸ੍ਰੀ ਅਨੰਦਪੁਰ ਸਾਹਿਬ ਦਾ ਸਫ਼ਾਈ ਮਾਡਲ ਪੂਰੇ ਪੰਜਾਬ 'ਚ ਲਾਗੂ ਹੋਵੇਗਾ : ਬੈਂਸ



ਚੰਡੀਗੜ੍ਹ/ਜਲੰਧਰ, 12 ਨਵੰਬਰ (ਅੰਕੁਰ, ਧਵਨ)-ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਵੱਛ ਸਰਵੇਖਣ 2025-26 'ਚ ਪਵਿੱਤਰ ਨਗਰੀ ਸ੍ਰੀ ਅਨੰਦਪੁਰ ਸਾਹਿਬ ਨੇ ਪੰਜਾਬ ਦੇ ਸਭ ਤੋਂ ਸਾਫ਼-ਸੁਥਰੇ ਸ਼ਹਿਰ ਦਾ ਮਾਣ ਹਾਸਲ ਕੀਤਾ ਹੈ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੌਰਾਨ ਕੀਤੇ ਗਏ ਸਫ਼ਾਈ ਅਤੇ ਪ੍ਰਬੰਧਾਂ ਨੂੰ ਇਸ ਪ੍ਰਾਪਤੀ ਦਾ ਆਧਾਰ ਦੱਸਦਿਆਂ ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਸਫ਼ਾਈ ਮਾਡਲ ਨੂੰ ਪੂਰੇ ਪੰਜਾਬ 'ਚ ਲਾਗੂ ਕੀਤਾ ਜਾਵੇਗਾ।

ਇਸ ਤਹਿਤ ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਸ੍ਰੀ ਤਲਵੰਡੀ ਸਾਬੋ ਨੂੰ ਸਫ਼ਾਈ ਪੱਖੋਂ ਆਦਰਸ਼ ਸ਼ਹਿਰਾਂ ਵਜੋਂ ਵਿਕਸਤ ਕੀਤਾ ਜਾਵੇਗਾ।

ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਤਹਿਤ ਸੂਬੇ ਭਰ 'ਚ 2,000 ਤੋਂ ਵੱਧ ਕੂੜੇ ਦੇ ਡੰਪਿੰਗ ਸਥਾਨਾਂ ਦੀ ਪਛਾਣ ਕੀਤੀ ਗਈ ਸੀ, ਜਿਨ੍ਹਾਂ 'ਚੋਂ 1,300 ਤੋਂ ਵੱਧ ਥਾਵਾਂ ਦੀ ਸਫ਼ਾਈ ਕਰਵਾਈ ਜਾ ਚੁੱਕੀ ਹੈ। ਸਾਰੇ ਪ੍ਰਮੁੱਖ ਸ਼ਹਿਰਾਂ 'ਚ ਆਧੁਨਿਕ ਠੋਸ ਰਹਿੰਦ-ਖੂੰਹਦ ਪ੍ਰੋਸੈਸਿੰਗ ਪਲਾਂਟ ਸਥਾਪਿਤ ਕੀਤੇ ਜਾਣਗੇ। ਉੱਥੇ ਹੀ, ਅੰਮ੍ਰਿਤਸਰ 'ਚ ਜੀ.ਪੀ.ਐੱਸ. ਆਧਾਰਤ ਅਤਿ-ਆਧੁਨਿਕ ਕੰਟਰੋਲ ਰੂਮ ਬਣਾਇਆ ਗਿਆ ਹੈ, ਜਿਸ ਰਾਹੀਂ ਘਰ-ਘਰ ਜਾ ਕੇ ਕੂੜਾ ਇਕੱਠਾ ਕਰਨ ਅਤੇ ਸਫ਼ਾਈ ਵਿਵਸਥਾ ਦੀ ਰੀਅਲ ਟਾਈਮ ਨਿਗਰਾਨੀ ਕੀਤੀ ਜਾ ਰਹੀ ਹੈ।

ਵੋਟ ਚੋਰੀ ਦਾ ਦੋਸ਼ ਲਾਉਣ ਵਾਲੀ ਕਾਂਗਰਸ ਦੱਸੇ ਕਿ ਉਸ ਦੇ ਸੰਸਦ ਮੈਂਬਰ ਕਿਵੇਂ ਜਿੱਤਦੇ ਹਨ? : ਪੁਰੀ



ਚੰਡੀਗੜ੍ਹ, 12 ਨਵੰਬਰ (ਮਨਪ੍ਰੀਤ)-ਕੇਂਦਰੀ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਾਂਗਰਸ ਵੱਲੋਂ ਚੋਣਾਂ 'ਚ ਵੋਟਾਂ ਦੀ ਚੋਰੀ ਦੇ ਲਾਏ ਜਾ ਰਹੇ ਦੋਸ਼ਾਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਕਾਂਗਰਸ ਦੇ ਉਮੀਦਵਾਰ ਜਿੱਤਣ ਤਾਂ ਚੋਣਾਂ ਸਹੀ ਅਤੇ ਹਾਰਨ 'ਤੇ ਵੋਟਾਂ ਦੀ ਚੋਰੀ ਹੋ ਜਾਂਦੀ ਹੈ। ਉਹ ਮਨੀਮਾਜਰਾ 'ਚ ਭਾਜਪਾ ਦੇ 'ਲੋਕਤੰਤਰ ਬਚਾਓ, ਅਰਾਜਕਤਾ ਹਟਾਓ' ਪੈਦਲ ਮਾਰਚ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।

ਪੁਰੀ ਨੇ 1975 ਦੀ ਐਮਰਜੈਂਸੀ ਤੇ 1984 ਦੇ ਸਿੱਖ ਕਤਲੇਆਮ ਦਾ ਜ਼ਿਕਰ ਕਰਦਿਆਂ ਕਾਂਗਰਸ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਦਿੱਲੀ 'ਚ ਸਰਕਾਰੀ ਅੰਕੜਿਆਂ ਮੁਤਾਬਕ 2,733 ਸਿੱਖ ਮਾਰੇ ਗਏ ਸਨ ਪਰ ਉਸ ਸਮੇਂ ਲੋਕਾਂ ਦੀ ਸੁਰੱਖਿਆ ਯਕੀਨੀ ਨਹੀਂ ਬਣਾਈ ਗਈ। ਉਨ੍ਹਾਂ ਸੋਨੀਆ ਗਾਂਧੀ ਦੀ ਕਿਤਾਬ 'ਚ ਦਰਜ ਟਿੱਪਣੀਆਂ 'ਤੇ ਵੀ ਸਵਾਲ ਚੁੱਕੇ।

ਕੇਜਰੀਵਾਲ ਨੂੰ ਮਿਲੀ ਜਾਨੋਂ ਮਾਰਨ ਦੀ ਧਮਕੀ ਦੀ ਨਿੰਦਾ ਕਰਦਿਆਂ ਪੁਰੀ ਨੇ ਕਿਹਾ ਕਿ ਕਿਸੇ ਨੂੰ ਵੀ ਧਮਕੀ ਦੇਣਾ ਗਲਤ ਹੈ ਪਰ ਦੋਸ਼ ਲਾਉਣ ਤੋਂ ਪਹਿਲਾਂ ਤੱਥਾਂ ਦੀ ਜਾਂਚ ਹੋਣੀ ਚਾਹੀਦੀ ਹੈ। ਪੰਜਾਬ 'ਚ ਭਾਜਪਾ ਦੇ ਗੱਠਜੋੜ ਬਾਰੇ ਉਨ੍ਹਾਂ ਕਿਹਾ ਕਿ ਹਾਲੇ ਤਾਂ ਟ੍ਰੇਲਰ ਹੈ, ਅੱਗੇ ਦੇਖਦੇ ਜਾਓ। ਇਸ ਤੋਂ ਪਹਿਲਾਂ ਭਾਜਪਾ ਚੰਡੀਗੜ੍ਹ ਦੇ ਪ੍ਰਧਾਨ ਜਤਿੰਦਰ ਪਾਲ ਮਲਹੋਤਰਾ ਦੀ ਅਗਵਾਈ ਹੇਠ ਜ਼ਿਵਾਲਿਕ ਗਾਰਡਨ ਨੇੜੇ ਜਨ ਸਭਾ ਕੀਤੀ ਗਈ ਅਤੇ ਪੈਦਲ ਮਾਰਚ ਕੱਢਿਆ ਗਿਆ। ਇਸ ਮੌਕੇ ਸਾਬਕਾ ਸੂਬਾ ਪ੍ਰਧਾਨ ਅਰੁਣ ਸੂਦ, ਸੰਜੇ ਟੰਡਨ, ਮੇਅਰ ਸੌਰਭ ਜੋਸ਼ੀ ਅਤੇ ਹੋਰ ਆਗੂ ਤੇ ਵਰਕਰ ਮੌਜੂਦ ਸਨ।

ਨਸ਼ਿਆਂ ਤੇ ਗੈਂਗਸਟਰਵਾਦ ਤੋਂ ਪੰਜਾਬ ਦੀ ਜਵਾਨੀ ਨੂੰ ਬਚਾਉਣਾ ਸਭ ਤੋਂ ਵੱਡੀ ਲੋੜ : ਪਰਗਟ ਸਿੰਘ



ਚੰਡੀਗੜ੍ਹ, 12 ਨਵੰਬਰ (ਅੰਕੁਰ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ, ਗੈਂਗਸਟਰਵਾਦ, ਬੇਰੁਜ਼ਗਾਰੀ ਤੇ ਅਸੁਰੱਖਿਆ ਦੇ ਮਾਹੌਲ 'ਚੋਂ ਬਾਹਰ ਕੱਢਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਹ ਚਮਕੌਰ ਸਾਹਿਬ ਵਿਖੇ 'ਜਵਾਨੀ ਸੰਭਾਲ ਯਾਤਰਾ' ਦੀ ਸ਼ੁਰੂਆਤ ਮੌਕੇ ਕਰਵਾਈ ਗਈ ਰੈਲੀ ਨੂੰ ਸੰਬੋਧਨ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ 'ਜਵਾਨੀ ਸੰਭਾਲ ਯਾਤਰਾ' ਰਾਹੀਂ ਪੰਜਾਬ ਦੇ ਪਾਣੀਆਂ, ਹੱਕਾਂ ਤੇ ਕਾਨੂੰਨ-ਵਿਵਸਥਾ ਵਰਗੇ ਮੁੱਦਿਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ। ਕਾਂਗਰਸ ਇਨ੍ਹਾਂ ਮੁੱਦਿਆਂ 'ਤੇ ਪੰਜਾਬ ਦੇ ਹਿੱਤਾਂ ਦੀ ਲੜਾਈ ਮਜ਼ਬੂਤੀ ਨਾਲ ਲੜੇਗੀ ਤੇ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਏਕਤਾ, ਸਿੱਖੀ, ਪੰਜਾਬੀਅਤ ਤੇ ਭਾਈਚਾਰੇ ਦੀ ਰਾਖੀ ਕਰਨਾ ਕਾਂਗਰਸ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਪੀਲੀ ਪੱਗ ਬੰਨ੍ਹਣ ਨਾਲ ਕੋਈ ਭਗਤ ਸਿੰਘ ਨਹੀਂ ਬਣ ਸਕਦਾ, ਸਗੋਂ ਉਨ੍ਹਾਂ ਦੇ ਵਿਚਾਰਾਂ ਅਤੇ ਸਿਧਾਂਤਾਂ ਨੂੰ ਅਪਣਾਉਣਾ ਜ਼ਰੂਰੀ ਹੈ। ਉਨ੍ਹਾਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਕੱਢੀ ਜਾ ਰਹੀ ਯਾਤਰਾ ਨੂੰ ਸਮਰਥਨ ਦਿੰਦਿਆਂ ਲੋਕਾਂ ਤੇ ਨੌਜਵਾਨਾਂ ਨੂੰ ਇਸ 'ਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।

ਕਾਂਗਰਸ ਨੇ ਪੰਜਾਬ ਦੇ ਇਤਿਹਾਸ ਦੇ ਸਭ ਤੋਂ ਕਾਲੇ ਅਧਿਆਏ ਨੂੰ ਦਿੱਤਾ ਜਨਮ : ਆਰ. ਪੀ. ਸਿੰਘ



ਨਵੀਂ ਦਿੱਲੀ, 12 ਨਵੰਬਰ (ਇੰਟ.)-ਕਾਂਗਰਸ ਨੇਤਾ ਸੋਨੀਆ ਗਾਂਧੀ ਦੀ 544 ਪੰਨਿਆਂ ਦੀ ਸਵੈ-ਜੀਵਨੀ 'ਬਿਲੌਂਗਿੰਗ: ਏ ਜਰਨੀ ਆਫ਼ ਲਵ' ਦੇ ਰਿਲੀਜ਼ ਹੋਣ ਤੋਂ ਬਾਅਦ ਦੇਸ਼ ਦੀ ਸਿਆਸਤ 'ਚ ਨਵਾਂ ਵਿਵਾਦ ਖੜ੍ਹਾ ਹੋ ਗਿਆ ਹੈ।

ਭਾਰਤੀ ਜਨਤਾ ਪਾਰਟੀ ਦੇ ਕੌਮੀ ਬੁਲਾਰੇ ਸਰਦਾਰ ਆਰ. ਪੀ. ਸਿੰਘ ਨੇ ਸੋਨੀਆ ਗਾਂਧੀ 'ਤੇ ਹਮਲਾ ਬੋਲਦਿਆਂ ਦੋਸ਼ ਲਾਇਆ ਹੈ ਕਿ ਉਨ੍ਹਾਂ ਨੇ ਆਪਣੀ ਕਿਤਾਬ ਦੇ 16ਵੇਂ ਅਧਿਆਏ 'ਚ ਇਕ ਅਹਿਮ ਗੱਲ ਸਵੀਕਾਰ ਕੀਤੀ ਹੈ। ਉਹ ਲਿਖਦੇ ਹਨ : ਪੰਦਰਾਂ ਸਾਲਾਂ ਦੌਰਾਨ ਜਰਨੈਲ ਸਿੰਘ ਭਿੰਡਰਾਂਵਾਲੇ ਪੰਜਾਬ ਦੀ ਸਿਆਸਤ 'ਚ ਇਕ ਪ੍ਰਮੁੱਖ ਹਸਤੀ ਬਣ ਕੇ ਉੱਭਰੇ। ਕਿਹਾ ਜਾਂਦਾ ਹੈ ਕਿ ਉਨ੍ਹਾਂ ਨੂੰ ਪੰਜਾਬ ਕਾਂਗਰਸ ਪਾਰਟੀ ਦੇ ਅੰਦਰ 2 ਵਿਰੋਧੀ ਧੜਿਆਂ ਦੇ ਨੇਤਾਵਾਂ ਨੇ ਹੱਲਾਸ਼ੇਰੀ ਦਿੱਤੀ ਸੀ ਕਿਉਂਕਿ ਦੋਵੇਂ ਹੀ ਧਿਰਾਂ ਇਕ-ਦੂਜੇ ਨੂੰ ਕਮਜ਼ੋਰ ਕਰਨਾ ਚਾਹੁੰਦੀਆਂ ਸਨ ਪਰ ਬਾਅਦ 'ਚ ਉਨ੍ਹਾਂ ਨੇ ਉਨ੍ਹਾਂ ਨਾਲੋਂ ਆਪਣੇ ਸਬੰਧ ਤੋੜ ਲਏ ਅਤੇ ਵੱਖ-ਵੱਖ ਸਿਆਸੀ ਮੰਗਾਂ ਨੂੰ ਲੈ ਕੇ ਲੋਕਾਂ ਨੂੰ ਇਕਜੁੱਟ ਕਰਨਾ ਸ਼ੁਰੂ ਕਰ ਦਿੱਤਾ।

ਉਨ੍ਹਾਂ ਕਿਹਾ ਕਿ ਇਹ ਸੱਤਾ ਦੀ ਲਾਲਸਾ 'ਚ ਖੇਡੀ ਗਈ ਇਕ ਖ਼ਤਰਨਾਕ ਸਿਆਸੀ ਖੇਡ ਸੀ, ਜਿਸ ਦੀ ਭਾਰੀ ਕੀਮਤ ਪੰਜਾਬ ਅਤੇ ਪੂਰੇ ਦੇਸ਼ ਨੂੰ ਚੁਕਾਉਣੀ ਪਈ। ਉਨ੍ਹਾਂ ਸਵਾਲ ਕੀਤਾ ਕਿ ਕੀ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਪ੍ਰਿਅੰਕਾ ਵਾਡਰਾ ਕਦੇ ਕਾਂਗਰਸ ਪਾਰਟੀ ਵੱਲੋਂ ਰਚੀਆਂ ਗਈਆਂ ਸਿਆਸੀ ਚਾਲਾਂ, ਰਣਨੀਤਕ ਪੈਂਤੜਿਆਂ ਅਤੇ ਸਾਜ਼ਿਸ਼ਾਂ ਲਈ ਮੁਆਫ਼ੀ ਮੰਗਣਗੇ। ਅਜਿਹੀਆਂ ਹਰਕਤਾਂ, ਜਿਨ੍ਹਾਂ ਨੇ ਪੰਜਾਬ ਦੇ ਇਤਿਹਾਸ ਦੇ ਸਭ ਤੋਂ ਦਰਦਨਾਕ ਅਤੇ ਕਾਲੇ ਅਧਿਆਏ 'ਚੋਂ ਇਕ ਨੂੰ ਜਨਮ ਦੇਣ 'ਚ ਭੂਮਿਕਾ ਨਿਭਾਈ।

ਮੋਦੀ ਸਰਕਾਰ 'ਚ 'ਸਭ ਚੰਗਾ ਸੀ' ਤੋਂ 'ਸਭ ਮਹਿੰਗਾ ਸੀ' ਹੋ ਗਿਆ : ਜੈਰਾਮ ਰਮੇਸ਼



ਨਵੀਂ ਦਿੱਲੀ, 12 ਨਵੰਬਰ (ਏਜੰਸੀ)-ਕਾਂਗਰਸ ਨੇ ਮਹਿੰਗਾਈ ਨੂੰ ਲੈ ਕੇ ਵੀਰਵਾਰ ਨੂੰ ਕੇਂਦਰ ਸਰਕਾਰ 'ਤੇ ਨਿਸ਼ਾਨਾ ਵਿੰਨ੍ਹਿਆ ਅਤੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਹਿਲਾਂ 'ਸਭ ਚੰਗਾ ਸੀ' ਦਾ ਦਾਅਵਾ ਕੀਤਾ ਸੀ, ਪਰ ਹੁਣ ਸਥਿਤੀ ਇਹ ਹੈ ਕਿ 'ਸਭ ਮਹਿੰਗਾ ਸੀ' ਹੋ ਗਿਆ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ 'ਐਕਸ' 'ਤੇ ਇਕ ਪੋਸਟ 'ਚ ਕਿਹਾ ਕਿ 'ਚੰਗੇ ਦਿਨਾਂ' ਦਾ ਵਾਅਦਾ ਕੀਤਾ ਗਿਆ ਸੀ, ਪਰ ਹਰ ਦਿਨ ਮਹਿੰਗਾਈ ਦਾ ਨਵਾਂ ਹਮਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਮਹਿੰਗਾਈ ਵਿਰੁੱਧ ਵੋਟਾਂ ਮੰਗ ਕੇ ਸੱਤਾ 'ਚ ਆਈ ਸਰਕਾਰ ਦੇ ਕਾਰਜਕਾਲ ਦੌਰਾਨ ਮਹਿੰਗਾਈ ਦਾ ਖਮਿਆਜ਼ਾ ਮੱਧਵਰਗ ਅਤੇ ਗਰੀਬ ਵਰਗ ਨੂੰ ਭੁਗਤਣਾ ਪੈ ਰਿਹਾ ਹੈ।

ਰਸੋਈ ਤੋਂ ਲੈ ਕੇ ਰੋਜ਼ਾਨਾ ਵਰਤੋਂ ਵਾਲੇ ਖਪਤਕਾਰ ਉਤਪਾਦਾਂ ਤੱਕ ਦੀਆਂ ਵਧਦੀਆਂ ਕੀਮਤਾਂ ਨੇ ਹਰ ਘਰ ਦਾ ਬਜਟ ਵਿਗਾੜ ਦਿੱਤਾ ਹੈ। ਕਾਂਗਰਸ ਆਗੂ ਨੇ ਕਿਹਾ ਕਿ ਦੁੱਧ, ਚੌਲ, ਆਟਾ, ਦਾਲਾਂ, ਖਾਣ ਵਾਲਾ ਤੇਲ, ਪਿਆਜ਼, ਆਲੂ, ਟਮਾਟਰ, ਖੰਡ ਅਤੇ ਘਿਓ ਸਮੇਤ ਰੋਜ਼ਾਨਾ ਵਰਤੋਂ ਦੀਆਂ ਜ਼ਰੂਰੀ ਵਸਤਾਂ ਦੇ ਭਾਅ ਆਸਮਾਨ ਛੂਹ ਰਹੇ ਹਨ। ਉਨ੍ਹਾਂ ਕਿਹਾ ਕਿ ਅਮੂਲ ਅਤੇ ਮਦਰ ਡੇਅਰੀ ਨੇ ਵੀ ਇਕ ਵਾਰ ਫਿਰ ਦੁੱਧ ਦੀਆਂ ਕੀਮਤਾਂ ਵਧਾ ਦਿੱਤੀਆਂ ਹਨ। ਰਮੇਸ਼ ਨੇ ਦਾਅਵਾ ਕੀਤਾ ਕਿ ਦੀਵਾਲੀ ਤੋਂ ਬਾਅਦ ਹਿੰਦੁਸਤਾਨ ਯੂਨੀਲੀਵਰ ਵਰਗੇ ਵੱਡੇ ਬ੍ਰਾਂਡਾਂ ਨੇ ਡਿਟਰਜੈਂਟ ਅਤੇ ਘਰੇਲੂ ਵਰਤੋਂ ਵਾਲੇ ਉਤਪਾਦਾਂ ਦੀਆਂ ਕੀਮਤਾਂ 11 ਫੀਸਦੀ ਤੱਕ ਵਧਾ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸਰਵ ਐਕਸੈੱਲ, ਰਿਨ, ਵ੍ਹੀਲ ਅਤੇ ਮੋਤੀ ਗੁਲਾਬ ਸਾਬਣ ਵਰਗੇ ਰੋਜ਼ਾਨਾ ਵਰਤੋਂ ਦੇ ਉਤਪਾਦ ਵੀ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੁੰਦੇ ਜਾ ਰਹੇ ਹਨ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਸਰਕਾਰ ਦਾ ਦਾਅਵਾ ਹੈ ਕਿ ਦੇਸ਼ 'ਚ ਖੰਡ ਦਾ ਉਤਪਾਦਨ 4 ਗੁਣਾ ਤੱਕ ਵਧ ਗਿਆ ਹੈ ਅਤੇ 36 ਲੱਖ ਟਨ ਪੁਰਾਣਾ ਭੰਡਾਰ ਵੀ ਮੌਜੂਦ ਹੈ ਤਾਂ ਆਮ ਲੋਕਾਂ ਨੂੰ ਮਹਿੰਗਾਈ ਤੋਂ ਰਾਹਤ ਕਿਉਂ ਨਹੀਂ ਮਿਲ ਰਹੀ? ਉਨ੍ਹਾਂ ਕਿਹਾ ਕਿ ਦਾਲਾਂ ਦੇ ਮਾਮਲੇ 'ਚ ਵੀ ਅਜਿਹੀ ਹੀ ਸਥਿਤੀ ਹੈ। ਕਾਂਗਰਸ ਦੇ ਜਨਰਲ ਸਕੱਤਰ ਨੇ ਪੈਟਰੋਲ 'ਚ ਈ-20 (20 ਫੀਸਦੀ ਇਥੇਨੌਲ ਮਿਲਾਇਆ ਪੈਟਰੋਲ) ਨੂੰ ਲੈ ਕੇ ਵੀ ਸਵਾਲ ਉਠਾਏ। ਉਨ੍ਹਾਂ ਪੁੱਛਿਆ, "ਕੀ ਪੈਟਰੋਲ 'ਚ ਈ-20 ਦੀ ਮਿਲਾਵਟ ਦੀ ਦੋਹਰੀ ਮਾਰ ਸਾਨੂੰ ਵਧਦੀ ਮਹਿੰਗਾਈ ਅਤੇ ਮਿਲਾਵਟੀ ਪੈਟਰੋਲ ਦੇ ਰੂਪ 'ਚ ਭੁਗਤਣੀ ਪੈ ਰਹੀ ਹੈ?"

ਸਰਹੱਦੀ ਇਲਾਕੇ ਨੇੜਿਓਂ ਇਕ ਕਿਲੋ ਹੈਰੋਇਨ ਅਤੇ ਡਰੋਨ ਬਰਾਮਦ



ਬਰਾਮਦ ਕੀਤੀ ਗਈ ਹੈਰੋਇਨ ਸਬੰਧੀ ਜਾਣਕਾਰੀ ਦਿੰਦੇ ਪੁਲਸ ਅਤੇ ਬੀ. ਐੱਸ. ਐੱਫ. ਦੇ ਕਰਮਚਾਰੀ। (ਰਮਨ)

ਤਰਨਤਾਰਨ, 12 ਨਵੰਬਰ (ਰਮਨ)-ਜ਼ਿਲੇ ਅਧੀਨ ਆਉਂਦੇ ਭਾਰਤ-ਪਾਕਿਸਤਾਨ ਸਰਹੱਦ ਨੇੜਿਓਂ ਥਾਣਾ ਸਰਾਏ ਅਮਾਨਤ ਖਾਂ ਅਤੇ ਬੀ. ਐੱਸ. ਐੱਫ. ਵੱਲੋਂ ਸਾਂਝੇ ਆਪ੍ਰੇਸ਼ਨ ਦੌਰਾਨ ਇਕ ਕਿਲੋ 18 ਗ੍ਰਾਮ ਹੈਰੋਇਨ ਅਤੇ ਡਰੋਨ ਬਰਾਮਦ ਕਰਨ 'ਚ ਸਫਲਤਾ ਪ੍ਰਾਪਤ ਹੋਈ ਹੈ, ਜਿਸ ਦੇ ਸਬੰਧ 'ਚ ਅਣਪਛਾਤੇ ਵਿਅਕਤੀ ਖਿਲਾਫ ਪਰਚਾ ਦਰਜ ਕਰਦੇ ਹੋਏ ਪੁਲਸ ਵੱਲੋਂ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਬਰਾਮਦ ਕੀਤੀ ਗਈ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ 'ਚ ਕੀਮਤ 5 ਕਰੋੜ ਰੁਪਏ ਤੋਂ ਵੱਧ ਦੱਸੀ ਜਾ ਰਹੀ ਹੈ।

ਜਾਣਕਾਰੀ ਦਿੰਦੇ ਹੋਏ ਥਾਣਾ ਸਰਾਏ ਅਮਾਨਤ ਖਾਂ ਦੇ ਮੁਖੀ ਰਾਜ ਕੁਮਾਰ ਨੇ ਦੱਸਿਆ ਕਿ ਐੱਸ. ਐੱਸ. ਪੀ. ਸੁਰਿੰਦਰ ਲਾਂਬਾ ਵੱਲੋਂ ਮਿਲੇ ਸਖਤ ਹੁਕਮਾਂ ਤਹਿਤ ਦੇਸ਼ ਵਿਰੋਧੀ ਗਤੀਵਿਧੀਆਂ ਉਪਰ ਪੁਲਸ ਵੱਲੋਂ ਸਖਤੀ ਨਾਲ ਨਜ਼ਰ ਰੱਖਦੇ ਹੋਏ ਮੁਲਜ਼ਮਾਂ ਦੇ ਖਿਲਾਫ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਥਾਣਾ ਸਰਾਏ ਅਮਾਨਤ ਖਾਂ ਦੀ ਪੁਲਸ ਅਤੇ ਬੀ. ਐੱਸ. ਐੱਫ. ਵੱਲੋਂ ਚਲਾਏ ਗਏ ਸਾਂਝੇ ਆਪ੍ਰੇਸ਼ਨ ਦੌਰਾਨ ਪਿੰਡ ਹਵੇਲੀਆਂ ਦੇ ਖੇਤਾਂ 'ਚ ਡਿੱਗੇ ਹੋਏ ਇਕ ਪੀਲੇ ਰੰਗ ਦੇ ਪੈਕਟ ਨੂੰ ਬਰਾਮਦ ਕੀਤਾ ਗਿਆ, ਜਿਸ ਦੀ ਤਲਾਸ਼ੀ ਲੈਣ ਦੌਰਾਨ ਉਸ 'ਚੋਂ 1 ਕਿਲੋ 18 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ ਜਦਕਿ ਪੈਕਿੰਗ ਮਟੀਰੀਅਲ ਦਾ ਵਜ਼ਨ 79 ਗ੍ਰਾਮ ਪਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਪੈਕਟ ਦੇ ਨਾਲ ਇਕ ਡਰੋਨ ਵੀ ਬਰਾਮਦ ਕੀਤਾ ਗਿਆ ਹੈ। ਜੋ ਪਾਕਿਸਤਾਨ ਵਾਲੀ ਸਾਈਡ ਤੋਂ ਭਾਰਤੀ ਖੇਤਰ 'ਚ ਹੈਰੋਇਨ ਦੀ ਖੇਪ ਲੈ ਕੇ ਪੁੱਜਾ ਸੀ।

ਸੀ. ਟੀ. ਯੂ. ਬੱਸ ਦੀ ਟੱਕਰ ਨਾਲ ਮਰੇ ਮੁਲਾਜ਼ਮ ਦੇ ਪਰਿਵਾਰ ਨੂੰ ਮਿਲੇਗਾ 45.60 ਲੱਖ ਮੁਆਵਜ਼ਾ

■ ਟ੍ਰਿਬਿਊਨਲ ਨੇ 7.5 ਫ਼ੀਸਦੀ ਸਾਲਾਨਾ ਵਿਆਜ ਦੇਣ ਦੇ ਵੀ ਦਿੱਤੇ ਹੁਕਮ

ਚੰਡੀਗੜ੍ਹ, 12 ਨਵੰਬਰ (ਸੁਸ਼ੀਲ)-ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਨੇ ਸੀ.ਟੀ.ਯੂ. ਬੱਸ ਦੀ ਟੱਕਰ ਕਾਰਨ ਆਮਦਨ ਕਰ ਵਿਭਾਗ ਦੇ ਮੁਲਾਜ਼ਮ ਪ੍ਰਕਾਸ਼ ਚੰਦ ਦੀ ਮੌਤ ਦੇ ਮਾਮਲੇ 'ਚ ਉਸ ਦੇ ਪਰਿਵਾਰ ਨੂੰ 45.60 ਲੱਖ ਰੁਪਏ ਮੁਆਵਜ਼ਾ ਦੇਣ ਦੇ ਹੁਕਮ ਦਿੱਤੇ ਹਨ। ਇਸ ਰਕਮ 'ਤੇ 7.5 ਫ਼ੀਸਦੀ ਸਾਲਾਨਾ ਵਿਆਜ ਵੀ ਦੇਣਾ ਹੋਵੇਗਾ।

ਹਾਦਸਾ 13 ਦਸੰਬਰ 2023 ਨੂੰ ਟੈਂਕ ਚੌਕ ਨੇੜੇ ਵਾਪਰਿਆ ਸੀ, ਜਦੋਂ ਸੀ.ਟੀ.ਯੂ. ਬੱਸ ਨੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਸੀ। ਇਸ ਹਾਦਸੇ ਵਿੱਚ ਪਿੱਜੋਰ ਵਾਸੀ 45 ਸਾਲਾ ਪ੍ਰਕਾਸ਼ ਚੰਦ ਦੀ ਮੌਤ ਹੋ ਗਈ ਸੀ।

ਪਰਿਵਾਰ ਨੇ 75 ਲੱਖ ਰੁਪਏ ਮੁਆਵਜ਼ੇ ਦੀ ਮੰਗ ਕੀਤੀ ਸੀ। ਚਸ਼ਮਦੀਦ ਗਵਾਹ ਦੀ ਗਵ